ਭੈਰਉ ਕਬੀਰ ਜੀਉ ਅਸਟਪਦੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਅਗਮ ਦ੍ਰੁਗਮ ਗੜਿ ਰਚਿਓ ਬਾਸ ॥ ਜਾ ਮਹਿ ਜੋਤਿ ਕਰੇ ਪਰਗਾਸ ॥ ਬਿਜੁਲੀ ਚ ਮਕੈ ਹੋਇ ਅਨੰਦੁ ॥ ਜਿਹ ਪਉੜ੍ਹੇ ਪ੍ਰਭ ਬਾਲ ਗੋਬਿੰਦ ॥੧॥ ਇਹੁ ਜੀਉ ਰਾਮ ਨਾਮ ਲਿਵ ਲਾਗੈ ॥ ਜਰਾ ਮਰਨੁ ਛੂਟੈ ਭ੍ਰਮੁ ਭਾਗੈ ॥ ੧॥ ਰਹਾਉ ॥ ਅਬਰਨ ਬਰਨ ਸਿਉ ਮਨ ਹੀ ਪ੍ਰੀਤਿ ॥ ਹਉਮੈ ਗਾਵਨਿ ਗਾਵਹਿ ਗੀਤ ॥ ਅਨਹਦ ਸਬਦ ਹੋਤ ਝੁਨਕਾਰ ॥ ਜਿਹ ਪਉੜ੍ਹੇ ਪ੍ਰਭ ਸ੍ਰੀ ਗੋਪਾਲ ॥੨॥ ਖੰਡਲ ਮੰਡਲ ਮੰਡਲ ਮੰਡਾ ॥ ਤ੍ਰਿਅ ਅਸਥਾਨ ਤੀਨਿ ਤ੍ਰਿਅ ਖੰਡਾ ॥ ਅਗਮ ਅਗੋਚਰੁ ਰਹਿਆ ਅਭ ਅੰਤ ॥ ਪਾਰੁ ਨ ਪਾਵੈ ਕੋ ਧਰਨੀਧਰ ਮੰਤ ॥ ੩॥ ਕਦਲੀ ਪੁਹਪ ਧੂਪ ਪਰਗਾਸ ॥ ਰਜ ਪੰਕਜ ਮਹਿ ਲੀਓ ਨਿਵਾਸ ॥ ਦੁਆਦਸ ਦਲ ਅਭ ਅੰਤਰਿ ਮੰਤ ॥ ਜਹ ਪਉੜੇ ਸ੍ਰੀ ਕਮਲਾ ਕੰਤ ॥੪॥ ਅਰਧ ਉਰਧ ਮੁਖਿ ਲਾਗੋ ਕਾਸੁ ॥ ਸੁੰਨ ਮੰਡਲ ਮਹਿ ਕਰਿ ਪਰਗਾਸੁ ॥ ਊਹਾਂ ਸੂਰਜ ਨਾਹੀ ਚੰਦ ॥ ਆਦਿ ਨਿਰੰਜਨੁ ਕਰੈ ਅਨੰ ਦ ॥੫॥ ਸੋ ਬ੍ਰਹਮੰਡਿ ਪਿੰਡਿ ਸੋ ਜਾਨੁ ॥ ਮਾਨ ਸਰੋਵਰਿ ਕਰਿ ਇਸਨਾਨੁ ॥ ਸੋਹੰ ਸੋ ਜਾ ਕਉ ਹੈ ਜਾਪ ॥ ਜਾ ਕਉ ਲਿਪਤ ਨ ਹੋਇ ਪੁੰਨ ਅਰੁ ਪਾਪ ॥੬॥ ਅਬਰਨ ਬਰਨ ਘਾਮ ਨਹੀ ਛਾਮ ॥ ਅਵਰ ਨ ਪਾਈਐ ਗੁਰ ਕੀ ਸਾਮ ॥ ਟਾਰੀ ਨ ਟਰੈ ਆਵੈ ਨ ਜਾਇ ॥ ਸੁੰਨ ਸਹਜ ਮਹਿ ਰਹਿਓ ਸਮਾਇ ॥੭॥ ਮਨ ਮਧੇ ਜਾਨੈ ਜੇ ਕੋਇ ॥ ਜੋ ਬੋਲੈ ਸੋ ਆਪੈ ਹੋਇ ॥ ਜੋਤਿ ਮੰਤ੍ਰਿ ਮਨਿ ਅਸਥਿਰੁ ਕਰੈ ॥ ਕਹਿ ਕਬੀਰ ਸੋ ਪ੍ਰਾਨੀ ਤਰੈ ॥ ੮॥੧॥ {ਪੰਨਾ 1162}

ਪਦਅਰਥ:- ਅਗਮ—ਅ-ਗਮ, ਜਿਸ ਤਕ ਪਹੁੰਚ ਨਾਹ ਹੋ ਸਕੇ। ਦ੍ਰੁਗਮ—ਦੁਰਗਮ, ਜਿਸ ਤਕ ਅੱਪੜਨਾ ਮੁਸ਼ਕਲ ਹੋਵੇ। ਗੜਿ—ਕਿਲ੍ਹੇ ਵਿਚ। ਬਾਸ—ਵਿਸੇਬਾ, ਰਿਹਾਇਸ਼। ਜਾ ਮਹਿ—ਜਿਸ (ਮਨੁੱਖ ਦੇ ਹਿਰਦੇ) ਵਿਚ। ਜਿਹ ਪਉੜ੍ਹੇ—ਜਿਸ ਟਿਕਾਣੇ ਤੇ, ਜਿਸ ਹਿਰਦੇ ਵਿਚ।1।

ਜੀਉ—ਜੀਵ। ਜਰਾ—ਬੁਢੇਪਾ। ਮਰਨੁ—ਮੌਤ। ਭ੍ਰਮੁ—ਭਟਕਣਾ।1। ਰਹਾਉ।

ਅਬਰਨ ਬਰਨ ਸਿਉ—ਨੀਵੀਂ ਤੇ ਉੱਚੀ ਜਾਤ ਨਾਲ। ਅਬਰਨ—ਨੀਵੀਂ ਜਾਤ। ਸਿਉ—ਨਾਲ। ਹਉਮੈ ਗੀਤ ਗਾਵਨਿ—ਸਦਾ ਅਹੰਕਾਰ ਦੀਆਂ ਗੱਲਾਂ ਕਰਦੇ ਰਹਿੰਦੇ ਹਨ। ਅਨਹਦ—ਇੱਕ-ਰਸ। ਝੁਨਕਾਰ—ਸੁੰਦਰ ਰਾਗ।2।

ਮੰਡਾ—ਬਣਾਏ ਹਨ। ਤ੍ਰਿਅ ਅਸਥਾਨ—ਤ੍ਰਿੰਨੇ ਭਵਨ। ਅਭ ਅੰਤ—('ਰਾਮ ਨਾਮ' ਨਾਲ 'ਲਿਵ' ਲਾਣ ਵਾਲੇ ਦੇ) ਹਿਰਦੇ ਵਿਚ। ਅਭ—ਹਿਰਦਾ। ਅੰਤ—ਅੰਤਰਿ। ਧਰਨੀਧਰ ਮੰਤ—ਧਰਤੀ-ਦੇ-ਆਸਰੇ-ਪ੍ਰਭੂ ਦੇ ਭੇਤ ਦਾ।3।

ਕਦਲੀ—ਕੇਲਾ। ਪੁਹਪ—ਫੁੱਲ। ਧੂਪ—ਸੁਗੰਧੀ। ਰਜ—ਮਕਰੰਦ, ਫੁੱਲ ਦੇ ਅੰਦਰ ਦੀ ਧੂੜ। ਪੰਕਜ—ਕੌਲ-ਫੁੱਲ। {ਪੰਕ—ਚਿੱਕੜ। ਜ—ਜੰਮਿਆ ਹੋਇਆ। ਚਿੱਕੜ ਵਿਚ ਉੱਗਿਆ ਹੋਇਆ}। ਦੁਆਦਸ ਦਲ ਅਭ—ਬਾਰ੍ਹਾਂ ਪੱਤੀਆਂ ਵਾਲਾ (ਕੌਲ-ਫੁੱਲ-ਰੂਪ) ਹਿਰਦਾ, ਪੂਰਨ ਤੌਰ ਤੇ ਖਿੜਿਆ ਹਿਰਦਾ। ਦੁਆਦਸ—ਬਾਰ੍ਹਾਂ। ਦਲ—ਪੱਤੀਆਂ। ਕਮਲਾ ਕੰਤ—ਲੱਛਮੀ ਦਾ ਪਤੀ, ਪਰਮਾਤਮਾ।4।

ਅਰਧ—ਹੇਠਾਂ। ਉਰਧ—ਉਤਾਂਹ। ਮੁਖਿ ਲਾਗੋ—ਦਿੱਸਦਾ ਹੈ। ਕਾਸ—ਚਾਨਣ, ਪ੍ਰਕਾਸ਼।5।

ਬ੍ਰਹਮੰਡਿ—ਸਾਰੇ ਜਗਤ ਵਿਚ। ਪਿੰਡਿ—ਸਰੀਰ ਵਿਚ। ਜਾਨੁ—ਜਾਣਦਾ ਹੈ। ਮਾਨਸਰੋਵਰਿ—ਮਾਨਸਰੋਵਰ ਵਿਚ। ਕਰਿ—ਕਰੇ, ਕਰਦਾ ਹੈ। ਜਾ ਕਉ—ਜਿਸ ਮਨੁੱਖ ਦਾ। ਸੋ ਹੰ ਸੋ—ਉਹ ਮੈਂ ਉਹ।6।

ਘਾਮ—ਗਰਮੀ, ਧੁੱਪ। ਛਾਮ—ਛਾਂ। ਘਾਮ ਛਾਮ—ਦੁੱਖ-ਸੁਖ। ਸਾਮ—ਸ਼ਰਨ। ਟਾਰੀ—ਟਾਲੀ ਹੋਈ। ਨ ਟਰੈ—

ਹਟਦੀ ਨਹੀਂ।7।

ਮੰਤ੍ਰਿ—(ਗੁਰੂ ਦੇ) ਮੰਤ੍ਰ ਦੁਆਰਾ। ਮਨਿ—ਮਨ ਵਿਚ।8।

ਨੋਟ:- ਸ਼ਬਦ ਦਾ ਕੇਂਦਰੀ ਖ਼ਿਆਲ 'ਰਹਾਉ' ਦੀ ਤੁਕ ਵਿਚ ਹੈ।

ਅਰਥ:- (ਜਦੋਂ) ਇਹ ਜੀਵ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜਦਾ ਹੈ, ਤਾਂ ਇਸ ਦਾ ਬੁਢੇਪਾ (ਬੁਢੇਪੇ ਦਾ ਡਰ) ਮੁੱਕ ਜਾਂਦਾ ਹੈ, ਮੌਤ (ਦਾ ਸਹਿਮ) ਮੁੱਕ ਜਾਂਦਾ ਹੈ ਅਤੇ ਭਟਕਣਾ ਦੂਰ ਹੋ ਜਾਂਦੀ ਹੈ।1। ਰਹਾਉ।

(ਨਾਮ ਸਿਮਰਨ ਦੀ ਬਰਕਤਿ ਨਾਲ) ਜਿਸ ਹਿਰਦੇ ਵਿਚ ਬਾਲ-ਸੁਭਾਉ ਪ੍ਰਭੂ-ਗੋਬਿੰਦ ਆ ਵੱਸਦਾ ਹੈ, ਜਿਸ ਮਨੁੱਖ ਦੇ ਅੰਦਰ ਪ੍ਰਭੂ ਆਪਣੀ ਜੋਤ ਦਾ ਚਾਨਣ ਕਰਦਾ ਹੈ ਉਸ ਦੇ ਅੰਦਰ, ਮਾਨੋ, ਬਿਜਲੀ ਚਮਕ ਪੈਂਦੀ ਹੈ, ਉੱਥੇ ਸਦਾ ਖਿੜਾਉ ਹੀ ਖਿੜਾਉ ਹੋ ਜਾਂਦਾ ਹੈ, ਉਹ ਮਨੁੱਖ ਇਕ ਐਸੇ ਕਿਲ੍ਹੇ ਵਿਚ ਵੱਸੋਂ ਬਣਾ ਲੈਂਦਾ ਹੈ ਜਿੱਥੇ (ਵਿਕਾਰ ਆਦਿਕਾਂ ਦੀ) ਪਹੁੰਚ ਨਹੀਂ ਹੋ ਸਕਦੀ, ਜਿੱਥੇ (ਵਿਕਾਰਾਂ ਲਈ) ਅੱਪੜਨਾ ਬੜਾ ਔਖਾ ਹੁੰਦਾ ਹੈ।1।

ਪਰ ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਇਸੇ ਖ਼ਿਆਲ ਦੀ ਲਗਨ ਹੈ ਕਿ ਫਲਾਣਾ ਨੀਵੀਂ ਜਾਤ ਦਾ ਤੇ ਫਲਾਣਾ ਉੱਚੀ ਜਾਤ ਦਾ ਹੈ, ਉਹ ਸਦਾ ਅਹੰਕਾਰ ਦੀਆਂ ਗੱਲਾਂ ਕਰਦੇ ਰਹਿੰਦੇ ਹਨ।

ਜਿਸ ਹਿਰਦੇ ਵਿਚ ਸ੍ਰੀ ਗੋਪਾਲ ਪ੍ਰਭੂ ਜੀ ਵੱਸਦੇ ਹਨ, ਉੱਥੇ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਇੱਕ-ਰਸ, ਮਾਨੋ, ਰਾਗ ਹੁੰਦਾ ਰਹਿੰਦਾ ਹੈ।2।

ਜੋ ਪ੍ਰਭੂ ਸਾਰੇ ਖੰਡਾਂ ਦਾ, ਮੰਡਲਾਂ ਦਾ ਸਾਜਣ ਵਾਲਾ ਹੈ, ਜੋ (ਫਿਰ) ਤਿੰਨਾਂ ਭਵਨਾਂ ਦਾ, ਤਿੰਨਾਂ ਗੁਣਾਂ ਦਾ ਨਾਸ ਕਰਨ ਵਾਲਾ ਭੀ ਹੈ, ਜਿਸ ਤਕ ਮਨੁੱਖੀ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ, ਉਹ ਪ੍ਰਭੂ ਉਸ ਮਨੁੱਖ ਦੇ ਹਿਰਦੇ ਵਿਚ ਵੱਸਦਾ ਹੈ (ਜਿਸ ਨੇ ਪਰਮਾਤਮਾ ਦੇ ਨਾਮ ਨਾਲ ਲਿਵ ਲਾਈ ਹੋਈ ਹੈ)। ਪਰ, ਕੋਈ ਜੀਵ ਧਰਤੀ-ਦੇ-ਆਸਰੇ ਉਸ ਪ੍ਰਭੂ ਦੇ ਭੇਤ ਦਾ ਅੰਤ ਨਹੀ ਪਾ ਸਕਦਾ।3।

(ਸਿਮਰਨ ਦੀ ਬਰਕਤਿ ਨਾਲ) ਜਿਸ ਹਿਰਦੇ ਵਿਚ ਮਾਇਆ-ਦਾ-ਪਤੀ ਪ੍ਰਭੂ ਆ ਵੱਸਦਾ ਹੈ ਉਸ ਮਨੁੱਖ ਦੇ ਪੂਰਨ ਤੌਰ ਤੇ ਖਿੜੇ ਹੋਏ ਹਿਰਦੇ ਵਿਚ ਪ੍ਰਭੂ ਦਾ ਮੰਤਰ ਇਉਂ ਵੱਸ ਪੈਂਦਾ ਹੈ ਜਿਵੇਂ ਕੇਲੇ ਦੇ ਫੁੱਲਾਂ ਵਿਚ ਸੁਗੰਧੀ ਦਾ ਪ੍ਰਕਾਸ਼ ਹੁੰਦਾ ਹੈ, ਜਿਵੇਂ ਕੌਲ ਫੁੱਲ ਵਿਚ ਮਕਰੰਦ ਆ ਨਿਵਾਸ ਕਰਦਾ ਹੈ।4।

(ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲਿਵ ਲਾਂਦਾ ਹੈ) ਉਸ ਨੂੰ ਅਕਾਸ਼ ਪਤਾਲ ਹਰ ਥਾਂ ਪ੍ਰਭੂ ਦਾ ਹੀ ਪ੍ਰਕਾਸ਼ ਦਿੱਸਦਾ ਹੈ, ਉਸ ਦੀ ਅਫੁਰ ਸਮਾਧੀ ਵਿਚ (ਭਾਵ, ਉਸ ਦੇ ਟਿਕੇ ਹੋਏ ਮਨ ਵਿਚ) ਪਰਮਾਤਮਾ ਆਪਣਾ ਚਾਨਣ ਕਰਦਾ ਹੈ (ਇਤਨਾ ਚਾਨਣ ਕਿ) ਸੂਰਜ ਤੇ ਚੰਦ ਦਾ ਚਾਨਣ ਉਸ ਦੀ ਬਰਾਬਰੀ ਨਹੀਂ ਕਰ ਸਕਦਾ (ਉਹ ਚਾਨਣ ਸੂਰਜ ਚੰਦ ਦੇ ਚਾਨਣ ਵਰਗਾ ਨਹੀਂ ਹੈ)। ਸਾਰੇ ਜਗਤ ਦਾ ਮੂਲ ਮਾਇਆ-ਰਹਿਤ ਪ੍ਰਭੂ ਉਸ ਦੇ ਹਿਰਦੇ ਵਿਚ ਉਮਾਹ ਪੈਦਾ ਕਰਦਾ ਹੈ।5।

ਜਿਸ ਮਨੁੱਖ ਦੇ ਹਿਰਦੇ ਵਿਚ ਸਦਾ ਇਹ ਲਗਨ ਹੈ ਕਿ ਉਹ ਪ੍ਰਭੂ ਤੇ ਮੈਂ ਇੱਕ ਹਾਂ (ਭਾਵ, ਮੇਰੇ ਅੰਦਰ ਪ੍ਰਭੂ ਦੀ ਜੋਤ ਵੱਸ ਰਹੀ ਹੈ), (ਇਸ ਲਗਨ ਦੀ ਬਰਕਤਿ ਨਾਲ) ਜਿਸ ਉੱਤੇ ਨਾਹ ਪੁੰਨ ਨਾਹ ਪਾਪ ਕੋਈ ਭੀ ਪ੍ਰਭਾਵ ਨਹੀਂ ਪਾ ਸਕਦਾ (ਭਾਵ, ਜਿਸ ਨੂੰ ਨਾ ਕੋਈ ਪਾਪ-ਵਿਕਾਰ ਖਿੱਚ ਪਾ ਸਕਦੇ ਹਨ, ਤੇ ਨਾਹ ਹੀ ਪੁੰਨ ਕਰਮਾਂ ਦੇ ਫਲ ਦੀ ਲਾਲਸਾ ਹੈ) ਉਹ ਮਨੁੱਖ (ਲਿਵ ਦੀ ਬਰਕਤਿ ਨਾਲ) ਸਾਰੇ ਜਗਤ ਵਿਚ ਉਸੇ ਪ੍ਰਭੂ ਨੂੰ ਪਛਾਣਦਾ ਹੈ ਜਿਸ ਨੂੰ ਆਪਣੇ ਸਰੀਰ ਵਿਚ (ਵੱਸਦਾ ਵੇਖਦਾ ਹੈ), ਉਹ (ਪ੍ਰਭੂ-ਨਾਮ ਰੂਪ) ਮਾਨ-ਸਰੋਵਰ ਵਿਚ ਇਸ਼ਨਾਨ ਕਰਦਾ ਹੈ।6।

('ਲਿਵ ਦਾ ਸਦਕਾ') ਉਹ ਮਨੁੱਖ ਸਦਾ ਅਫੁਰ ਅਵਸਥਾ ਵਿਚ ਟਿਕਿਆ ਰਹਿੰਦਾ ਹੈ, ਸਹਿਜ ਅਵਸਥਾ ਵਿਚ ਜੁੜਿਆ ਰਹਿੰਦਾ ਹੈ। ਇਹ ਅਵਸਥਾ ਕਿਸੇ ਦੀ ਹਟਾਈ ਹਟ ਨਹੀਂ ਸਕਦੀ, ਸਦਾ ਕਾਇਮ ਰਹਿੰਦੀ ਹੈ। ਉਸ ਮਨੁੱਖ ਦੇ ਅੰਦਰ ਕਿਸੇ ਉੱਚੀ ਨੀਵੀਂ ਜਾਤ ਦਾ ਵਿਤਕਰਾ ਨਹੀਂ ਰਹਿੰਦਾ, ਕੋਈ ਦੁੱਖ-ਸੁਖ ਉਸ ਨੂੰ ਨਹੀਂ ਵਿਆਪਦੇ। ਪਰ

ਇਹ ਆਤਮਕ ਹਾਲਤ ਗੁਰੂ ਦੀ ਸ਼ਰਨ ਪਿਆਂ ਮਿਲਦੀ ਹੈ, ਕਿਸੇ ਹੋਰ ਥਾਂ ਤੋਂ ਨਹੀਂ ਮਿਲਦੀ।7।

ਕਬੀਰ ਆਖਦਾ ਹੈ—ਜੋ ਮਨੁੱਖ ਪ੍ਰਭੂ ਨੂੰ ਆਪਣੇ ਮਨ ਵਿਚ ਵੱਸਦਾ ਪਛਾਣ ਲੈਂਦਾ ਹੈ, ਜੋ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹੈ, ਉਹ ਪ੍ਰਭੂ ਦਾ ਰੂਪ ਹੀ ਹੋ ਜਾਂਦਾ ਹੈ; ਜੋ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੀ ਜੋਤ ਨੂੰ ਆਪਣੇ ਮਨ ਵਿਚ ਪੱਕਾ ਕਰ ਕੇ ਟਿਕਾ ਲੈਂਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਤਰ ਜਾਂਦਾ ਹੈ।8।1।

ਭਗਤ-ਬਾਣੀ ਦੇ ਵਿਰੋਧੀ ਸੱਜਣ ਜੀ ਇਸ ਸ਼ਬਦ ਬਾਰੇ ਲਿਖਦੇ ਹਨ—"ਇਸ ਸ਼ਬਦ ਅੰਦਰ ਜੋਗ-ਅੱਭਿਆਸ ਦਾ ਪੂਰਨ ਮੰਡਨ ਹੈ, ਪਰ ਗੁਰਮਤਿ ਇਸ ਦਾ ਜ਼ੋਰਦਾਰ ਖੰਡਨ ਕਰਦੀ ਹੈ। ਸਿੱਖ ਧਰਮ ਵਿਚ ਉਕਤ ਹਠ-ਜੋਗ ਕਰਮ ਨੂੰ ਨਿੰਦਿਆ ਹੈ, ਪਰ ਭਗਤ ਜੀ ਪਰਚਾਰ ਕਰਦੇ ਹਨ। "

ਸ਼ਬਦ ਦੇ ਅਰਥ ਪਾਠਕਾਂ ਦੇ ਸਾਹਮਣੇ ਹਨ। ਬੜਾ ਮੁਸ਼ਕਲ ਸ਼ਬਦ ਹੈ। ਠੀਕ ਅਰਥ ਸਮਝਣ ਦਾ ਜਤਨ ਨਾਹ ਕਰਨ ਕਰਕੇ ਹੀ ਸ਼ਾਇਦ ਵਿਰੋਧੀ ਸੱਜਣ ਜੀ ਭੁਲੇਖਾ ਖਾ ਗਏ ਹਨ। ਜਦੋਂ ਪਾਠਕ ਸੱਜਣ ਇਸ ਅਸੂਲ ਨੂੰ ਚੇਤੇ ਰੱਖਣਗੇ ਕਿ 'ਰਹਾਉ' ਦੀ ਤੁਕ ਵਾਲੇ ਕੇਂਦਰੀ ਖ਼ਿਆਲ ਦੀ ਸਾਰੇ ਸ਼ਬਦ ਵਿਚ ਵਿਆਖਿਆ ਹੈ, ਤਾਂ ਇੱਥੇ ਕਿਸੇ ਜੋਗ-ਅੱਭਿਆਸ ਦੇ ਪਰਚਾਰ ਦਾ ਭੁਲੇਖਾ ਨਹੀਂ ਪਵੇਗਾ।